# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 08-10-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਨਵੀਂ ਦਿੱਲੀ ਵਿੱਚ, ਸਾਲ 2022 ਲਈ, 70ਵੇਂ ਰਾਸ਼ਟਰੀ ਫਿਲਮ ਪੁਰਸਕਾਰ ਪ੍ਰਦਾਨ ਕੀਤੇ।
- ਜੰਮੂ-ਕਸ਼ਮੀਰ ਅਤੇ ਹਰਿਆਣਾ 'ਚ ਵਿਧਾਨ ਸਭਾ ਚੋਣਾਂ ਲਈ ਵੋਟਾਂ ਦੀ ਗਿਣਤੀ ਜਾਰੀ ਏ।
- ਸਿਹਤ ਮੰਤਰੀ ਬਲਬੀਰ ਸਿੰਘ ਨੇ ਪੰਜਾਬ ਦੇ ਸਰਕਾਰੀ ਹਸਪਤਾਲਾਂ ਵਿੱਚ ਨਰਸਿੰਗ ਵਿਦਿਆਰਥੀਆਂ ਦੀ ਕਲੀਨਿਕਲ ਸਿਖਲਾਈ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ।
- ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਸੂਬੇ ਦੀਆਂ ਵੱਖ ਵੱਖ ਮੰਡੀਆਂ ਵਿਚ ਝੋਨੇ ਦੀ ਖਰੀਦ ਸ਼ੁਰੂ ਕੀਤੀ ਗਈ।

- ਪੰਜਾਬ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਦੇ ਸਰਵੋਤਮ ਪੁਸਤਕ ਪੁਰਸਕਾਰਾਂ ਦਾ ਐਲਾਨ।

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ, ਸਾਲ 2022 ਲਈ 70ਵੇਂ ਰਾਸ਼ਟਰੀ ਫਿਲਮ ਪੁਰਸਕਾਰ ਪ੍ਰਦਾਨ ਕੀਤੇ। ਇਸ ਮੌਕੇ 'ਤੇ ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਅਤੇ ਸੂਚਨਾ ਅਤੇ ਪ੍ਰਸਾਰਣ ਰਾਜ ਮੰਤਰੀ ਡਾਕਟਰ ਐਲ ਮੁਰੂਗਨ ਵੀ ਮੌਜੂਦ ਰਹੇ। ਸੂਚਨਾ ਅਤੇ ਪ੍ਰਸਾਰਣ ਸਕੱਤਰ ਸੰਜੇ ਜਾਜੂ ਨੇ ਆਪਣੇ ਸੁਆਗਤੀ ਭਾਸ਼ਣ ਵਿੱਚ ਕਿਹਾ ਕਿ ਸਾਲ 2022 ਲਈ, ਮੰਤਰਾਲੇ ਨੂੰ ਫੀਚਰ ਫਿਲਮ ਸ਼੍ਰੇਣੀ ਵਿੱਚ 32 ਵੱਖ-ਵੱਖ ਭਾਸ਼ਾਵਾਂ ਵਿੱਚ ਕੁੱਲ 309 ਫਿਲਮਾਂ ਅਤੇ ਗੈਰ-ਫੀਚਰ ਸ਼੍ਰੇਣੀ ਵਿੱਚ 17 ਭਾਸ਼ਾਵਾਂ ਵਿੱਚ 128 ਫਿਲਮਾਂ ਦੀਆਂ ਐਂਟਰੀਆਂ ਪ੍ਰਾਪਤ ਹੋਈਆਂ ਨੇ। ਉ ਕਿਹਾ ਕਿ ਮੰਤਰਾਲਾ ਵੱਖ-ਵੱਖ ਪਹਿਲਕਦਮੀਆਂ ਰਾਹੀਂ ਭਾਰਤੀ ਸਿਨੇਮਾ ਨੂੰ ਸਮਰਥਨ ਦੇਣ ਲਈ ਵਚਨਬੱਧ ਏ ਅਤੇ ਸਿਨੇਮੈਟੋ-ਗ੍ਰਾਫ ਐਕਟ ਵਿੱਚ ਸੋਧ ਇੱਕ ਮੁੱਖ ਕਦਮ ਏ ਜੋ ਪ੍ਰਮਾਣੀਕਰਣ ਪ੍ਰਕਿਰਿਆ ਦਾ

ਆਧੁਨਿਕੀਕਰਨ ਕਰੇਗਾ ਅਤੇ ਪਾਇਰੇਸੀ ਦਾ ਮੁਕਾਬਲਾ ਕਰਨ ਵਿੱਚ ਵੀ ਮਦਦ ਕਰੇਗਾ। ਫਿਲਮ ਆਲੋਚਕ ਦੀਪਕ ਦੁਆ ਨੂੰ ਸਰਵੋਤਮ ਆਲੋਚਕ ਪੁਰਸਕਾਰ ਸ਼੍ਰੇਣੀ ਦੇ ਤਹਿਤ ਸਵਰਨ ਕਮਲ ਨਾਲ ਸਨਮਾਨਿਤ ਕੀਤਾ ਗਿਆ ਏ

--------------------------------------------

ਜੰਮੂ-ਕਸ਼ਮੀਰ ਅਤੇ ਹਰਿਆਣਾ 'ਚ ਵਿਧਾਨ ਸਭਾ ਚੋਣਾਂ ਲਈ ਵੋਟਾਂ ਦੀ ਗਿਣਤੀ ਜਾਰੀ ਏ । ਤਾਜ਼ਾ ਰੁਝਾਨਾਂ ਅਤੇ ਨਤੀਜਿਆਂ ਅਨੁਸਾਰ ਕਿ ਭਾਰਤੀ ਜਨਤਾ ਪਾਰਟੀ , 90 ਮੈਂਬਰੀ ਹਰਿਆਣਾ ਵਿਧਾਨ ਸਭਾ ਵਿੱਚ ਅੱਗੇ ਏ , ਜਦੋਂ ਕਿ ਨੈਸ਼ਨਲ ਕਾਨਫਰੰਸ ਅਤੇ ਕਾਂਗਰਸ ਗਠਜੋੜ ਨੇ 90 ਮੈਂਬਰੀ ਜੰਮੂ-ਕਸ਼ਮੀਰ ਵਿਧਾਨ ਸਭਾ ਵਿੱਚ ਅੱਧੇ ਦਾ ਅੰਕੜਾ ਪਾਰ ਕਰ ਲਿਆ ਏ ।ਤਾਜ਼ਾ ਰਿਪੋਰਟ ਮੁਤਾਬਿਕ , ਹਰਿਆਣਾ ਵਿੱਚ, ਹੁਣ ਤੱਕ 79 ਨਤੀਜੇ ਐਲਾਨੇ ਜਾ ਚੁੱਕੇ ਨੇ । BJP ਨੇ 41 ਸੀਟਾਂ ਜਿੱਤੀਆਂ ਹਨ ਅਤੇ 7 ਵਿੱਚ ਅੱਗੇ ਏ । ਕਾਂਗਰਸ ਨੇ 33 ਸੀਟਾਂ ਜਿੱਤੀਆਂ ਹਨ ਅਤੇ 4 ਵਿੱਚ ਅੱਗੇ ਏ । ਇੰਡੀਅਨ ਨੈਸ਼ਨਲ ਲੋਕ ਦਲ ਨੂੰ 2 ਸੀਟਾਂ BJP ਆਗੂ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਲਾਡਵਾ ਸੀਟ ਤੋਂ

ਜਿੱਤ ਦਰਜ ਕੀਤੀ ਏ । ਕਾਂਗਰਸ ਨੇਤਾ ਅਤੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਸਿੰਘ ਹੁੱਡਾ ਨੇ ਰੋਹਤਕ ਦੀ ਗੜ੍ਹੀ ਸਾਂਪਲਾ ਕਿਲੋਈ ਸੀਟ ਜਿੱਤ ਲਈ ਏ । ਜੁਲਾਨਾ ਹਲਕੇ ਤੋਂ ਕਾਂਗਰਸ ਦੀ ਪਹਿਲਵਾਨ ਵਿਨੇਸ਼ ਫੋਗਾਟ ਜਿੱਤ ਗਈ ਏ । ਸੋਨੀਪਤ ਸੀਟ ਤੋਂ BJP ਦੇ ਨਿਖਿਲ ਮਦਾਨ ਨੇ ਜਿੱਤ ਦਰਜ ਕੀਤੀ ਏ । ਹਰਿਆਣਾ ਦੇ ਮੰਤਰੀ ਮੂਲ ਚੰਦ ਸ਼ਰਮਾ ਬੱਲਭਗੜ੍ਹ ਤੋਂ ਅੱਗੇ ਨੇ । ਆਜ਼ਾਦ ਉਮੀਦਵਾਰ ਦੇਵੇਂਦਰ ਕਾਦਿਆਨ ਨੇ ਗਨੌਰ ਸੀਟ ਜਿੱਤੀ।

**ਜੰਮੂ-ਕਸ਼ਮੀਰ ਦੀਆਂ ਸਾਰੀਆਂ 90 ਸੀਟਾਂ ਦੇ ਨਤੀਜੇ ਐਲਾਨ ਦਿੱਤੇ ਗਏ ਹਨ।**

ਨੈਸ਼ਨਲ ਕਾਨਫਰੰਸ ਨੇ 42 ਸੀਟਾਂ ਜਿੱਤੀਆਂ ਨੇ । ਭਾਰਤੀ ਜਨਤਾ ਪਾਰਟੀ ਨੂੰ 29 ਸੀਟਾਂ ਮਿਲੀਆਂ ਹਨ। ਇੰਡੀਅਨ ਨੈਸ਼ਨਲ ਕਾਂਗਰਸ ਨੇ 6 ਸੀਟਾਂ ਜੰਮੂ-ਕਸ਼ਮੀਰ ਪੀਪਲਜ਼ ਡੈਮੋਕ੍ਰੇਟਿਕ ਪਾਰਟੀ ਨੇ 3 ਸੀਟਾਂ ਜਿੱਤੀਆਂ ਨੇ ਜੰਮੂ-ਕਸ਼ਮੀਰ ਪੀਪਲ ਕਾਨਫਰੰਸ, ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਅਤੇ ਆਮ ਆਦਮੀ ਪਾਰਟੀ ਨੂੰ 1-1 ਸੀਟ ਮਿਲੀ ਏ ।ਆਜ਼ਾਦ ਉਮੀਦਵਾਰਾਂ ਨੇ 7 ਸੀਟਾਂ ਜਿੱਤੀਆਂ ਨੇ । ਸਾਬਕਾ

ਮੁੱਖ ਮੰਤਰੀ ਅਤੇ ਨੈਸ਼ਨਲ ਕਾਨਫਰੰਸ ਦੇ ਨੇਤਾ ਉਮਰ ਅਬਦੁੱਲਾ ਨੇ ਬਡਗਾਮ ਅਤੇ ਗਾਂਦਾਰਬਲ  ਦੋਵਾਂ ਹਲਕਿਆਂ ਤੋਂ ਜਿੱਤ ਦਰਜ ਕੀਤੀ ਏ । ਅਨੰਤਨਾਗ ਸੀਟ ਤੋਂ ਕਾਂਗਰਸ ਦੇ ਪੀਰਜ਼ਾਦਾ ਮੁਹੰਮਦ ਸਈਦ ਨੇ ਜਿੱਤ ਦਰਜ ਕੀਤੀ ਏ । ਨੈਸ਼ਨਲ ਕਾਨਫਰੰਸ ਦੇ ਅਬਦੁਲ ਮਜੀਦ ਭੱਟ ਨੇ ਅਨੰਤਨਾਗ ਪੱਛਮੀ ਸੀਟ ਜਿੱਤੀ।

-------------------------------------------------------

ਭਾਰਤੀ ਹਵਾਈ ਸੈਨਾ ਅੱਜ ਆਪਣਾ ਸਥਾਪਨਾ ਦਿਵਸ ਮਨਾ ਰਹੀ ਏ । ਮੁੱਖ ਸਮਾਗਮ ਤੰਬਰਮ ਏਅਰ ਫੋਰਸ ਸਟੇਸ਼ਨ, ਚੇਨਈ ਵਿਖੇ ਕੀਤਾ ਗਿਆ ਸੀ। ਇਸ ਮੌਕੇ ਫੌਜ ਦੇ ਰੱਖਿਆ ਮੁਖੀ ਜਨਰਲ ਅਨਿਲ ਚੌਹਾਨ ਨੇ ਝੰਡਾ ਲਹਿਰਾਇਆ । ਹਵਾਈ ਸੈਨਾ ਦੇ ਮੁਖੀ ਏ.ਪੀ ਸਿੰਘ ਨੇ ਪਰੇਡ ਦਾ ਨਿਰੀਖਣ ਕੀਤਾ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀਆਂ ਏਅਰ ਫੋਰਸ ਯੂਨਿਟਾਂ ਨੂੰ ਪ੍ਰਸ਼ੰਸਾ ਪੱਤਰ ਅਤੇ ਪੁਰਸਕਾਰ ਦਿੱਤੇ।  ਹਵਾਈ ਸੈਨਾ ਮੁਖੀ ਨੇ ਕਿਹਾ ਕਿ ਦੁਨੀਆ ਭਰ ਵਿੱਚ ਸੁਰੱਖਿਆ  ਮੱਦੇਨਜ਼ਰ ਦੇਸ਼ ਦੀ ਹਵਾਈ ਸੈਨਾ ਦਾ ਸਮਰੱਥ ਅਤੇ ਮਜ਼ਬੂਤ ਹੋਣਾ ਬਹੁਤ ਜ਼ਰੂਰੀ ਏ । **ਪ੍ਰਧਾਨ ਮੰਤਰੀ ਨਰੇਂਦਰ ਮੋਦੀ** ਨੇ ਹਵਾਈ ਸੈਨਾ ਦਿਵਸ ਦੇ ਮੌਕੇ 'ਤੇ

ਭਾਰਤੀ ਹਵਾਈ ਸੈਨਾ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਹਵਾਈ ਸੈਨਾ ਦੀ ਸਾਹਸ ਅਤੇ ਕੁਸ਼ਲਤਾ ਲਈ ਪ੍ਰਸ਼ੰਸ਼ਾ ਕੀਤੀ ਜਾਂਦੀ ਏ ਅਤੇ ਰਾਸ਼ਟਰ ਦੀ ਰੱਖਿਆ ਵਿੱਚ ਉਸਦੀ ਭੂਮਿਕਾ ਬਹੁਤ ਸ਼ਲਾਘਾਯੋਗ ਏ। ਪ੍ਰਧਾਨ ਮੰਤਰੀ ਨੇ ਹਵਾਈ ਸੈਨਾ ਦੀ ਸਫਲਤਾ ਤੇ ਸਮਰਥਾ ਨੂੰ ਉਜਾਗਰ ਕਰਨ ਵਾਲਾ ਇੱਕ ਵੀਡੀਓ ਵੀ ਸਾਂਝਾ ਕੀਤਾ।

--------------------------------------------------

ਪੰਜਾਬ ਸਰਕਾਰ ਨੇ 250 ਨਰਸਿੰਗ ਕਾਲਜਾਂ ਦੇ 5 ਹਜ਼ਾਰ ਫੈਕਲਟੀ ਮੈਂਬਰਾਂ ਨੂੰ ਸਿਖਲਾਈ ਦੇ ਕੇ ਸਿਹਤ ਖੇਤਰ ਦੀ ਕਾਇਆ ਕਲਪ ਕਰਨ ਲਈ ਇੱਕ ਉਤਸ਼ਾਹੀ ਪ੍ਰੋਜੈਕਟ ਸ਼ੁਰੂ ਕੀਤਾ ਏ। ਇਸ ਪਹਿਲਕਦਮੀ ਦਾ ਉਦੇਸ਼ ਨਰਸਿੰਗ ਸਿੱਖਿਆ ਨੂੰ ਕੌਮਾਂਤਰੀ ਪੱਧਰ 'ਤੇ ਉੱਚਾ ਚੁੱਕਣਾ ਅਤੇ ਪੰਜਾਬ ਦੇ ਲੋਕਾਂ ਲਈ ਉੱਚ ਪੱਧਰੀ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਣਾ ਏ। ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਹਿਲੀ ਵਰਕਸ਼ਾਪ ਦਾ ਉਦਘਾਟਨ ਮੁਹਾਲੀ ਸਥਿਤ ਇਕ ਨਿਜੀ ਯੂਨੀਵਰਸਿਟੀ ਵਿਖੇ ਕੀਤਾ , ਜਿਸ ਵਿੱਚ ਮੁਹਾਲੀ, ਰੋਪੜ ਅਤੇ

ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੀਆਂ ਨਰਸਿੰਗ ਸੰਸਥਾਵਾਂ ਦੇ 500 ਤੋਂ ਵੱਧ ਫੈਕਲਟੀ ਮੈਂਬਰਾਂ ਨੇ ਸ਼ਮੂਲੀਅਤ ਕੀਤੀ। ਸਿਹਤ ਮੰਤਰੀ ਨੇ ਸਰਕਾਰੀ ਹਸਪਤਾਲਾਂ ਵਿੱਚ ਨਰਸਿੰਗ ਵਿਦਿਆਰਥੀਆਂ ਦੀ ਕਲੀਨਿਕਲ ਸਿਖਲਾਈ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨਰਸਿੰਗ ਕਾਲਜਾਂ, ਵਿਦਿਆਰਥੀਆਂ ਅਤੇ ਸਿਹਤ ਵਿਭਾਗ ਨੂੰ ਸਰਕਾਰੀ ਹਸਪਤਾਲਾਂ ਵਿੱਚ ਮਿਆਰੀ ਮਰੀਜ਼ਾਂ ਦੀ ਦੇਖਭਾਲ ਮੁਹੱਈਆ ਕਰਵਾਉਣ ਲਈ ਆਪਸੀ ਸਹਿਯੋਗ ਕਰਨਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਰੋਕਥਾਮ ਅਤੇ ਦੇਖਭਾਲ ਤੇ ਆਧਾਰਿਤ ਜੀਵਨ ਸ਼ੈਲੀ ਵਿੱਚ ਤਬਦੀਲੀਆਂ, ਸਿਹਤ ਸਿੱਖਿਆ ਵਰਗੇ ਵਿਸ਼ਿਆਂ ਬਾਰੇ ਸਿਖਲਾਈ ਵੀ ਦਿੱਤੀ ਜਾਣੀ ਚਾਹੀਦੀ ਏ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਵਿੱਚ ਰੁਜ਼ਗਾਰ ਸਿਰਜਣ ਦੀਆਂ ਸੰਭਾਵਨਾਵਾਂ ਨੂੰ ਪਛਾਣਦੇ ਹੋਏ ਸਿਹਤ ਅਤੇ ਸਿੱਖਿਆ ਦੇ ਖੇਤਰਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਏ। ਸਿਹਤ ਮੰਤਰੀ ਨੇ ਪੰਜਾਬ ਵਿੱਚ NRTS ਅਤੇ ਪ੍ਰਾਇਮਰੀ ਰਜਿਸਟ੍ਰੇਸ਼ਨ ਪ੍ਰਣਾਲੀ ਦੀ ਵੀ ਸ਼ੁਰੂਆਤ

ਕੀਤੀ ਜੋ ਨਰਸਿੰਗ ਪੇਸ਼ੇਵਰਾਂ ਨੂੰ ਕੇਂਦਰੀ ਰਜਿਸਟ੍ਰੇਸ਼ਨ ਨਾਲ ਜੋੜਨ ਵਿੱਚ ਮਦਦ ਕਰੇਗੀ।

--------------------------------------------------------

ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਸੂਬੇ ਦੀਆਂ ਵੱਖ ਵੱਖ ਮੰਡੀਆਂ ਵਿਚ ਝੋਨੇ ਦੀ ਖਰੀਦ ਸ਼ੁਰੂ ਕੀਤੀ ਗਈ।ਸ੍ਰੀ ਮੁਕਤਸਰ ਸਾਹਿਬ ਦੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਗੁਰਪ੍ਰੀਤ ਸਿੰਘ ਥਿੰਦ ਨੇ ਅਨਾਜ ਮੰਡੀ ਗਿੱਦੜਬਾਹਾ ਵਿਖੇ ਝੋਨਾ ਖਰੀਦ ਦੀ ਸ਼ੁਰੂਆਤ ਦੱਸਿਆ ਕਿ ਮੰਡੀ ਬੋਰਡ ਵਲੋਂ ਪਹਿਲਾਂ ਹੀ ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ਵਿੱਚ ਸਾਫ਼-ਸਫ਼ਾਈ, ਬਿਜਲੀ, ਪਾਣੀ ਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਨੇ ।ਜ਼ਿਲ੍ਹਾ ਮੰਡੀ ਅਫ਼ਸਰ ਅਜੈ ਪਾਲ ਬਰਾੜ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਖਰੀਦ ਲਈ ਕੁੱਲ 120 ਮੰਡੀਆਂ ਵਿੱਚ ਪ੍ਰਬੰਧ ਮੁਕੰਮਲ ਨੇ , ਜੇਕਰ ਝੋਨੇ ਦੀ ਆਮਦ ਵਿੱਚ ਵਾਧਾ ਹੁੰਦਾ ਤਾਂ ਮੌਕੇ ਅਨੁਸਾਰ ਹੋਰ ਆਰਜੀ ਮੰਡੀਆਂ ਦਾ ਪ੍ਰਬੰਧ ਮੰਡੀ ਬੋਰਡ ਵਲੋਂ ਕਰ ਲਿਆ ਜਾਵੇਗਾ।**ਓਧਰ ਫਰੀਦਕੋਟ ਦੇ** ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਕਿਸਾਨਾਂ ਨੂੰ ਝੋਨੇ ਦੀ ਖਰੀਦ ,ਅਦਾਇਗੀ ਜਾਂ ਚੁਕਾਈ ਸਬੰਧੀ ਕਿਸੇ ਤਰ੍ਹਾਂ ਦੀ ਦਿੱਕਤ ਪੇਸ਼

ਨਹੀਂ ਆਵੇਗੀ। ਉਨ੍ਹਾਂ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਝੋਨੇ ਦੀ ਨਮੀ ਗੇਟ ਉਤੇ ਚੈਕ ਕਰਕੇ ਹੀ ਟਰਾਲੀ ਮੰਡੀ ਅੰਦਰ ਜਾਣ ਦਿੱਤੀ ਜਾਵੇ। ਉਨ੍ਹਾਂ ਦੱਸਿਆ ਕਿ ਝੋਨੇ ਦੀ ਖਰੀਦ ਲਈ ਖਰੀਦ ਕੇਂਦਰਾਂ ਵਿੱਚ ਛਾਂ, ਰੋਸ਼ਨੀ, ਪਾਣੀ ਤੇ ਸਫਾਈ ਦਾ ਪ੍ਰਬੰਧ ਕਰਵਾਇਆ ਗਿਆ ਏ । ਇਸ ਦੇ ਨਾਲ ਹੀ ਝੋਨੇ ਦੀ ਚੋਰੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਪੁਲਿਸ ਦੀ ਵੀ ਡਿਊਟੀ ਲਗਾਈ ਗਈ ਏ।

**ਸਮਾਣਾ ਉਪ ਮੰਡਲ ਮੈਜਿਸਟਰੇਟ ਤਰਸੇਮ ਚੰਦ ਨੇ ਸਮਾਣਾ ਅਨਾਜ** ਮੰਡੀ ਦਾ ਦੌਰਾ ਕਰਕੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਖਰੀਦ ਏਜੰਸੀਆਂ ਨੂੰ ਮੰਡੀਆਂ 'ਚ ਆਏ ਝੋਨੇ ਦੀ ਨਾਲੋ ਨਾਲ ਖਰੀਦ ਕਰਨੀ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਨੇ ਇਹ ਵੀ ਹਦਾਇਤ ਕੀਤੀ ਕਿ ਖਰੀਦੇ ਝੋਨੇ ਦੀ ਮੰਡੀਆਂ 'ਚੋਂ ਚੁਕਾਈ ਵੀ ਤੇਜ਼ੀ ਨਾਲ ਕੀਤੀ ਜਾਵੇ।

---------------------------------------------------

ਬਠਿੰਡਾ ਦੇ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਅੱਜ

ਗੋਨਿਆਣਾ ਮੰਡੀ ਵਿਖੇ ਝੋਨੇ ਦੀ ਸਰਕਾਰੀ ਖਰੀਦ ਦੀ ਸ਼ੁਰੂਆਤ ਕਰਵਾਈ ਗਈ । ਇਸ ਮੌਕੇ ਉਨ੍ਹਾਂ ਆੜਤੀਆਂ ਅਤੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਖ਼ਰੀਦ ਦੌਰਾਨ ਉਨ੍ਹਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਦਰਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਜਿਲ੍ਹੇ ਦੇ ਪਿੰਡ ਅਕਲੀਆਂ ਕਲਾਂ ਦੇ ਕਿਸਾਨ ਮਹਾਂ ਸਿੰਘ ਦੀ ਫਸਲ ਖਰੀਦੀ ਗਈ । ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ , ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ ਦੀ ਅਪੀਲ ਤਾਂ ਜੋ ਉਨ੍ਹਾਂ ਨੂੰ ਫ਼ਸਲ ਵੇਚਣ ਵਿੱਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਕਿਸਾਨਾਂ ਨੂੰ  ਅਪੀਲ ਕੀਤੀ ਕਿ ਉਹ ਵਾਤਾਵਰਨ ਪ੍ਰਦੂਸ਼ਣ ਨੂੰ ਠੱਲ੍ਹ ਪਾਉਣ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਲਈ ਝੋਨੇ ਦੀ ਪਰਾਲੀ ਤੇ ਇਸ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ।

---------------------------------------------------

ਵਧਦੇ ਵਾਤਾਵਰਣ ਪ੍ਰਦੂਸ਼ਣ ਨੂੰ ਠੱਲ ਪਾਉਣ ਲਈ ਕਿਸਾਨਾਂ ਵੱਲੋਂ ਵੀ ਆਧੁਨਿਕ ਖੇਤੀ ਮਸ਼ੀਨਰੀ ਦੀ ਵਰਤੋਂ ਨਾਲ ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਨਿਪਟਾਰੇ ਲਈ ਉਪਰਾਲੇ ਕੀਤੇ ਜਾ ਰਹੇ ਨੇ ਜਿਸ ਤਹਿਤ ਪਟਿਆਲਾ

ਜ਼ਿਲ੍ਹੇ ਦੇ ਪਿੰਡ ਤੇਈਪੁਰ ਦੇ ਗੁਰਮੁਖ ਸਿੰਘ ਅਤੇ ਜਤਿੰਦਰ ਸਿੰਘ ਪਿਛਲੇ 9 ਸਾਲਾਂ ਤੋਂ ਆਪਣੀ 10 ਏਕੜ ਜ਼ਮੀਨ 'ਚ ਖੇਤਾਂ ਨੂੰ ਬਿਨਾਂ ਅੱਗ ਲਗਾਏ, ਕਣਕ ਦੀ ਬਿਜਾਈ ਕਰ ਕੇ ਜਿਥੇ ਚੰਗੀ ਆਮਦਨ ਕਰ ਰਹੇ ਨੇ ਅਤੇ ਵਾਤਾਵਰਣ ਨੂੰ ਦੂਸ਼ਿਤ  ਨੂੰ ਵੀ ਬਚਾ ਰਹੇ ਨੇ। ਕਿਸਾਨ ਗੁਰਮੁਖ ਸਿੰਘ ਨੇ ਦੱਸਿਆ ਕਿ ਉਹ, ਸਾਲ 2015 ਤੋਂ  ਕੰਬਾਈਨ 'ਤੇ ਲੱਗੇ ਸੁਪਰ ਐਸ.ਐਮ.ਐਸ. ਅਤੇ ਫੇਰ ਸੁਪਰ ਸੀਡਰ ਨਾਲ ਕਣਕ ਦੀ ਬਿਜਾਈ ਕੀਤੀ ਜਾਂਦੀ ਏ। ਉਨ੍ਹਾਂ ਦੱਸਿਆ ਕਿ ਪਰਾਲੀ ਨੂੰ ਖੇਤ 'ਚ ਹੀ ਮਿਲਾਉਣ ਸਦਕਾ ਜ਼ਮੀਨ ਦੀ ਉਪਜਾਊ ਸ਼ਕਤੀ ਵਧਣ ਦੇ ਨਾਲ ਨਾਲ ਯੂਰੀਆ ਖਾਦ ਦੀ ਵਰਤੋਂ ਵੀ ਪਹਿਲਾਂ ਨਾਲੋਂ ਅੱਧੀ ਰਹਿ ਗਈ ਏ।

---

ਬਠਿੰਡਾ ਜ਼ਿਲ੍ਹੇ ਅੰਦਰ ਝੋਨੇ ਦੀ ਪਰਾਲੀ ਸੀ ਸੁਚੱਜੀ ਸਾਂਭ-ਸੰਭਾਲ ਅਤੇ ਇਸ ਦੇ ਨਿਪਟਾਰੇ ਲਈ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿਚ ਕਿਸਾਨ ਜਾਗਰੂਕਤਾ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਦੌਰਾਨ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਖੇਤੀ ਮਸ਼ੀਨਰੀ ਦੀ ਸਹੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ।ਪਿੰਡ ਹਮੀਰਗੜ੍ਹ, ਸਿਰੀਏਵਾਲਾ, ਭੁੱਚੋ ਖੁਰਦ ਪਿੰਡਾਂ ਵਿਚ ਲਗਾਏ ਗਏ ਕੈਂਪਾਂ ਦੌਰਾਨ ਵੱਖ-ਵੱਖ ਖੇਤੀ ਮਾਹਰਾਂ ਵੱਲੋਂ

ਆਪਣੇ ਸੰਬੋਧਨ ਦੌਰਾਨ ਦੱਸਿਆ ਕਿ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੱਧਦੀ ਏ ਅਤੇ ਪਰਾਲੀ ਦੀ ਸਾਂਭ-ਸੰਭਾਲ ਨਾਲ ਮੌਸਮ ਤੇ ਮਾੜੇ ਪਾਣੀ ਦੇ ਪ੍ਰਭਾਵ ਨੂੰ ਘੱਟ ਕੀਤਾ ਜਾ ਸਕਦਾ ਏ।

---------------------------------------------------------

ਪਟਿਆਲਾ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਕੱਲ ਪਿੰਡ ਦੌਣਕਲਾਂ ਵਿਖੇ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕਤਾ ਕੈਂਪ ਤੇ ਨੁੱਕੜ ਨਾਟਕ ਕਰਵਾਇਆ ਗਿਆ। ਇਸ ਮੌਕੇ ਕਰੀਬ ਅੱਧਾ ਦਰਜਨ ਪਿੰਡਾਂ ਦੇ ਕਿਸਾਨਾਂ ਨੇ ਸ਼ਮੂਲੀਅਤ ਕੀਤੀ। ਜਾਗਰੂਕਤਾ ਕੈਂਪ ਦੌਰਾਨ ਖੇਤੀਬਾੜੀ ਵਿਸਥਾਰ ਅਫ਼ਸਰ ਡਾ. ਰਵਿੰਦਰਪਾਲ ਸਿੰਘ ਚੱਠਾ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ 'ਉੱਨਤ ਕਿਸਾਨ'ਐਪ ਦੀ ਵਰਤੋਂ ਕਰਨ ਸਬੰਧੀ ਜਾਣਕਾਰੀ ਦਿੱਤੀ ਗਈ ਅਤੇ ਮੌਕੇ 'ਤੇ ਹੀ ਐਪ ਕਿਸਾਨਾਂ ਦੇ ਮੋਬਾਈਲ 'ਤੇ ਅੱਪਲੋਡ ਕਰਕੇ ਦੱਸਿਆ ਕਿ ਕੋਈ ਵੀ ਕਿਸਾਨ ਇਸ ਐਪ ਦੀ ਵਰਤੋਂ ਨਾਲ ਪਰਾਲੀ ਪ੍ਰਬੰਧਨ ਸਬੰਧੀ ਮਸ਼ੀਨਰੀ ਦੀ ਮੰਗ ਕਰ ਸਕਦਾ ਏ। ਸਹਿਕਾਰੀ ਸਭਾ ਦੇ ਇੰਸਪੈਕਟਰ ਪਰਗਟਦੀਪ ਸਿੰਘ ਨੇ

ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਬੇਲਰ, ਸੁਪਰ ਸੀਡਰ ਆਦਿ ਦੀ ਵਰਤੋਂ ਕਰਨ ਦੀ ਅਪੀਲ ਕੀਤੀ।

---------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਸਿੱਖਿਆ ਵਿਭਾਗ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਨੇ ਕਿ ਜ਼ਿਲ੍ਹੇ ਵਿੱਚ ਕੋਈ ਵੀ ਵਿਦਿਆਰਥੀ ਸਕੂਲਾਂ ਤੱਕ ਪਹੁੰਚ ਤੋਂ ਵਾਂਝਾ ਨਾ ਰਹੇ।

ਜ਼ਿਲ੍ਹਾ ਸਿੱਖਿਆ ਵਿਕਾਸ ਕਮੇਟੀ ਦੀ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਹਰੇਕ ਬੱਚੇ ਲਈ ਮਿਆਰੀ ਸਿੱਖਿਆ ਦੀ ਪਹੁੰਚ ਨੂੰ ਯਕੀਨੀ ਬਣਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਉਣ ਲਈ ਠੋਸ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ ਕਿ ਬੱਚੇ, ਸੂਬਾ ਸਰਕਾਰ ਦੀ ਗਰੀਬ ਪੱਖੀ ਅਤੇ ਅਗਾਂਹਵਧੂ ਸਿੱਖਿਆ ਨੀਤੀ ਦਾ ਲਾਭ ਉਠਾ ਸਕਣ। ਉਹਨਾਂ ਕਿਹਾ ਕਿ ਬੱਚਿਆਂ ਦੀ ਸਕੂਲ ਵਿੱਚ 100 ਫੀਸਦੀ ਹਾਜ਼ਰੀ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਨੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ, ਮਿਡ-ਡੇ-ਮੀਲ

ਦੀਆਂ ਰਸੋਈਆਂ ਵਿੱਚ ਚੰਗੀ ਤਰ੍ਹਾਂ ਸਫਾਈ ਰੱਖਣ ਦੀ ਵਿਵਸਥਾ ਨੂੰ ਯਕੀਨੀ ਬਣਾਉਣ।

------------------------------------------------------------

ਭਾਰਤੀ ਜਨਤਾ ਪਾਰਟੀ ਨੇ ਪੰਚਾਇਤੀ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵੱਡੀ ਗਿਣਤੀ ਵਿੱਚ ਸਰਪੰਚਾਂ ਤੇ ਪੰਚਾਂ ਦੇ ਚੋਣ ਨਾਮਜ਼ਦਗੀ ਪੱਤਰ ਰੱਦ ਕੀਤੇ ਜਾਣ ਦੀ ਸਖਤ ਨਿਖੇਦੀ ਕੀਤੀ ਏ। ਫਤਿਹਗੜ੍ਹ ਸਾਹਿਬ ਵਿਖੇ BJP ਜ਼ਿਲ੍ਹਾ ਪ੍ਰਧਾਨ ਦੀਦਾਰ ਸਿੰਘ ਭੱਟੀ ਨੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਸਰਕਾਰ ਦੇ ਨੁਮਾਇੰਦਿਆ ਤੇ ਪ੍ਰਸ਼ਾਸਨ ਵੱਲੋਂ ਇਹਨਾਂ ਪੰਚਾਇਤੀ ਚੋਣਾਂ ਵਿੱਚ ,ਸਰਪੰਚਾਂ ਅਤੇ ਪੰਚਾਂ ਦੇ ਕਾਗਜ਼ ਬਿਨਾਂ ਕਾਰਨ ਰੱਦ ਕਰ ਦਿੱਤੇ ਨੇ । ਇਸ ਮੌਕੇ ਮੌਜੂਦਾ ਸਰਕਾਰ ਦੇ ਖਿਲਾਫ ਨਾਅਰੇਬਾਜ਼ੀ ਵੀ ਕੀਤੀ ਗਈ।

------------------------------------------------------------

ਪੰਜਾਬ ਸਰਕਾਰ ਵੱਲੋਂ ਭਾਸ਼ਾ ਵਿਭਾਗ ਵਲੋਂ, ਹਰ ਸਾਲ ਪੰਜਾਬੀ, ਹਿੰਦੀ ਅਤੇ ਉਰਦੂ ਦੀਆਂ ਪੁਸਤਕਾਂ ਨੂੰ ਪ੍ਰਦਾਨ ਕੀਤੇ ਜਾਣ ਵਾਲੇ ਸਰਵੋਤਮ

ਸਾਹਿਤਕ ਪੁਸਤਕ ਪੁਰਸਕਾਰ ਤਹਿਤ ਵਿਭਾਗ ਨੇ ਸਾਲ 2023 ਦੇ ਵੱਖ-ਵੱਖ ਵੰਨਗੀਆਂ ਨਾਲ ਸਬੰਧਤ 10 ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰਾਂ ਦਾ ਐਲਾਨ ਕਰ ਦਿੱਤਾ ਏ । ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਇਹ ਪੁਰਸਕਾਰ ਇਸ ਸਾਲ ਪੰਜਾਬੀ ਮਹੀਨੇ ਦੇ ਸੂਬਾ ਪੱਧਰੀ ਉਦਘਾਟਨੀ ਸਮਾਗਮ ਦੌਰਾਨ ਭਾਸ਼ਾ ਭਵਨ, ਪਟਿਆਲਾ ਵਿਖੇ ਪ੍ਰਦਾਨ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪੁਰਸਕਾਰਾਂ ਲਈ ਪਿਛਲੇ ਸਾਲ ਦੌਰਾਨ ਛਪੀਆਂ ਪੁਸਤਕਾਂ ਦੀ ਸਰਵੋਤਮ ਪੁਸਤਕ ਪੁਰਸਕਾਰਾਂ ਲਈ ਮੰਗ ਕੀਤੀ ਗਈ ਸੀ ਅਤੇ ਵੱਖ-ਵੱਖ ਖੇਤਰਾਂ ਦੇ ਵਿਦਵਾਨ ਵਿਸ਼ਾ ਮਾਹਿਰਾਂ ਤੋਂ ਇਨ੍ਹਾਂ ਪੁਸਤਕਾਂ ਦਾ ਮੁਲਾਂਕਣ ਕਰਵਾਇਆ ਗਿਆ ਅਤੇ ਸਰਵੋਤਮ ਪੁਸਤਕਾਂ ਦੀ ਚੋਣ ਕੀਤੀ ਗਈ। ਇਸ ਪੁਰਸਕਾਰ ’ਚ ਇਨਾਮੀ ਰਾਸ਼ੀ ਦੇ ਨਾਲ-ਨਾਲ ਇਕ ਪਲੇਕ ਅਤੇ ਸ਼ਾਲ ਭੇਂਟ ਕੀਤੀ ਜਾਵੇਗੀ। ਜ਼ਿਕਰਯੋਗ ਏ ਕਿ ਪੁਰਸਕਾਰਾਂ ਲਈ ਵੱਖ-ਵੱਖ ਵੰਨਗੀਆਂ ਦੀਆਂ 144 ਪੁਸਤਕਾਂ ਪ੍ਰਾਪਤ ਹੋਈਆਂ ਸਨ।

ਜਸਵੰਤ ਸਿੰਘ ਜ਼ਫ਼ਰ ਨੇ ਸਾਰੇ ਪੁਰਸਕਾਰ ਜੇਤੂਆਂ ਨੂੰ ਵਧਾਈਆਂ ਦਿੱਤੀਆਂ ਅਤੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਪ੍ਰਸਾਰ ਲਈ ਇਸੇ ਤਰ੍ਹਾਂ ਨਿਰੰਤਰ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ।

------------------------------------------------------

ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਗੁਰਦਾਸਪੁਰ ਦੇ ਜੀ.ਐਨ.ਐਮ ਸਕੂਲ ਬਬਰੀ ਵਿਖੇ ਇੱਕ ਸਮਾਗਮ ਕੀਤਾ ਗਿਆ। ਇਸ ਦਾ ਉਦੇਸ਼ ਕੁੜੀਆਂ ਦੀ ਜਨਮ ਦਰ ਵਧਾਉਣ ਲਈ ਕੀਤੇ ਜਾਣ ਵਾਲੇ ਉਪਰਾਲਿਆ ਤੇ ਚਰਚਾ ਕਰਨਾ ਸੀ।ਸਿਵਲ ਸਰਜਨ ਡਾਕਟਰ ਭਾਰਤ ਭੂਸ਼ਣ ਨੇ ਕਿਹਾ ਕਿ ਬੇਟੀ ਬਚਾਓ ਬੇਟੀ ਪੜ੍ਹਾਓ ਮੁਹਿੰਮ ਤਹਿਤ ਕੁੜੀਆਂ ਦੀ ਜਨਮ ਦਰ ਵਿੱਚ ਵਾਧਾ ਹੋਇਆ ਏ। ਕੁੜੀਆਂ ਲਈ ਸਰਕਾਰ ਵਲੋਂ ਜਾਰੀ ਸਕੀਮਾਂ ਬਾਲੜੀ ਰਖਿਆ ਯੋਜਨਾ, ਸੁਕਨਿਆ ਸਮਰਿੱਧੀ ਯੋਜਨਾ ਦਾ ਪ੍ਰਚਾਰ ਕੀਤਾ ਜਾ ਰਿਹਾ ਏ ।5 ਸਾਲ ਤਕ ਦੀਆਂ ਬਾਲੜੀਆਂ ਦੇ ਮੁਫ਼ਤ ਇਲਾਜ ਦੀ ਸਹੂਲੀਅਤ ਮੁਹਇਆ ਏ।ਜਿਲਾ ਪਰਿਵਾਰ ਭਲਾਈ ਅਫਸਰ ਡਾ.ਤੇਜਿੰਦਰ ਕੌਰ ਨੇ ਕਿਹਾ ਕਿ ਅਟਰਾਸਾਉਂਡ ਸੈਂਟਰਾਂ ਦੀ ਚੈਕਿੰਗ ਕੀਤੀ ਜਾ ਰਹੀ ਏ,ਜੋ ਵੀ ਕੋਈ

ਨਿਯਮਾਂ ਦੀ ਉਲੰਘਣਾ ਕਰੇਗਾ ਉਸ ਖਿਆਫ ਕਾਰਵਾਈ ਕੀਤੀ ਜਾਵੇਗੀ।

-------------------------------------------------------

ਟ੍ਰੈਫਿਕ ਨਿਯਮਾ ਦੀ ਜਾਗਰੂਕਤਾ ਸਬੰਧੀ ਚਲਾਈ ਗਈ ਮੁਹਿਮ ਤਹਿਤ, ਟ੍ਰੈਫਿਕ ਜਿਲ੍ਹਾ ਐਸ.ਏ.ਐਸ. ਨਗਰ ਵੱਲੋਂ ਸੈਂਟ ਸੋਲਜਰ ਸਕੂਲ ਵਿਖੇ ਵਿਦਿਆਰਥੀਆ ਨੂੰ ਨਸ਼ਿਆਂ ਦੀ ਵਰਤੋਂ ਨਾ ਕਰਨ ਅਤੇ ਟ੍ਰੈਫਿਕ ਨਿਯਮਾ ਦੀ ਪਾਲਣਾ ਕਰਨ ਸਬੰਧੀ ਇੱਕ ਵਿਸ਼ੇਸ਼ ਸੈਮੀਨਾਰ ਲਗਾ ਕੇ ਜਾਗਰੂਕ ਕੀਤਾ ਗਿਆ। ਡੀ.ਐੱਸ.ਪੀ ਕਰਨੈਲ ਸਿੰਘ ਨੇ ਕਿਹਾ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆ ਨੂੰ ਵਾਹਨ ਨਾ ਚਲਾਉਣ ਸਬੰਧੀ ਜਾਣੂ ਕਰਵਾਇਆ ਗਿਆ ਅਤੇ ਦੱਸਿਆ ਗਿਆ ਕਿ ਜੇਕਰ 18 ਸਾਲ ਤੋਂ ਘੱਟ ਉਮਰ ਦਾ ਕੋਈ ਬੱਚਾ ਵਾਹਨ ਚਲਾਉਦਾ ਏ ਤਾਂ ਉਸਦੇ ਮਾਪਿਆ ਨੂੰ 3 ਸਾਲ ਦੀ ਕੈਦ, 25 ਹਜਾਰ ਰੁਪਏ ਤੱਕ ਦਾ ਜੁਰਮਾਨਾ ਹੋ ਸਕਦਾ ਏ , ਜਿਸ ਵਿਅਕਤੀ ਵੱਲੋ 18 ਸਾਲ ਤੋਂ ਘੱਟ ਉਮਰ ਦੇ ਬੱਚੇ ਨੂੰ ਵਾਹਨ ਦਿੱਤਾ ਉਸ ਵਿਅਕਤੀ ਨੂੰ ਵੀ 3 ਸਾਲ ਦੀ ਸਜਾ ਜਾਂ ਜੁਰਮਾਨਾ ਹੋ ਸਕਦਾ ਏ । ਉਨ੍ਹਾਂ , ਵਿਦਿਆਰਥੀਆ ਨੂੰ ਖੇਡਾਂ ਵਿਚ

ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਖੇਡਾਂ ਸਾਡੇ ਸ਼ਰੀਰ ਨੂੰ ਹੀ ਨਹੀਂ ਬਲਕਿ ਸਾਨੂੰ ਮਾਨਸਿਕ ਤੌਰ ’ਤੇ ਮਜ਼ਬੂਤ ਬਣਾਉਂਦੀਆਂ ਨੇ , ਜਿਸ ਨਾਲ ਅਸੀਂ ਇੱਕ ਸਿਹਤਮੰਦ ਜੀਵਨ ਬਤੀਤ ਕਰ ਸਕਦੇ ਹਾਂ।

-----------------------------------------------------

ਹੁਸ਼ਿਆਰਪੁਰ ਜ਼ਿਲੇ ਵਿਚ ਵਿਦਿਆਰਥੀਆਂ ਵੱਲੋਂ ਬੱਸਾਂ ਦੇ ਪਿੱਛੇ ਲਟਕ ਕੇ ਸਫ਼ਰ ਕਰਨ ਦਾ ਮਾਮਲਾ ਸਾਹਮਣੇ ਆਉਣ 'ਤੇ ਜ਼ਿਲ੍ਹਾ ਪੁਲੀਸ ਨੇ ਸਬੰਧਤ ਬੱਸ ਖ਼ਿਲਾਫ਼ ਕਾਰਵਾਈ ਕੀਤੀ ਏ। ਥਾਣਾ ਦਸੂਹਾ ਨੇ ਤੁਰੰਤ ਕਾਰਵਾਈ ਕਰਦੇ ਹੋਏ ਸਬੰਧਿਤ ਬੱਸ ਨੂੰ ਟਰੇਸ ਕਰਕੇ ਬੱਸ ਡਰਾਈਵਰ ਅਤੇ ਕੰਡਕਟਰ ਨੂੰ ਥਾਣੇ ਤਲਬ ਕੀਤਾ ਏ। ਨਿਯਮਾਂ ਦੀ ਉਲੰਘਣਾ ਕਰਨ 'ਤੇ ਸਬੰਧਤ ਬੱਸ ਦਾ ਟ੍ਰੈਫਿਕ ਚਲਾਨ ਵੀ ਕੀਤਾ ਗਿਆ ।
ਜ਼ਿਲ੍ਹਾ ਪੁਲਿਸ ਦੇ ਬੁਲਾਰੇ ਨੇ ਇਸ ਘਟਨਾ ‘ਤੇ ਸਖ਼ਤ ਰੁਖ ਅਪਣਾਉਂਦੇ ਹੋਏ ਸਾਰੇ ਬੱਸ ਡਰਾਈਵਰਾਂ ਅਤੇ ਸਕੂਲ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਏ ਕਿ ਉਹ, ਬੱਚਿਆਂ ਦੀ ਸੁਰੱਖਿਆ ਯਕੀਨੀ ਬਣਾਉਣ ਅਤੇ ਅਜਿਹਾ ਖਤਰਨਾਕ ਵਤੀਰਾ ਨਾ ਦੁਹਰਾਉਣ । ਉਨ੍ਹਾਂ ਮਾਪਿਆਂ ਨੂੰ ਵੀ ਅਪੀਲ

ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕਰਨ, ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ।

---------------------------------------------------------

ਬਠਿੰਡਾ ਦੇ ਪਿੰਡ ਮਾਈਸਰਖਾਨਾ ਦੇ ਸਰਕਾਰੀ ਐਲੀਮੈਂਟਰੀ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਚ 9 ਤੇ 10 ਅਕਤੂਬਰ ਨੂੰ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਗਿਆ ਏ। ਜ਼ਿਲ੍ਹਾ ਮੈਜਿਸਟ੍ਰੇਟ ਸ਼ੌਕਤ ਅਹਿਮਦ ਪਰੇ ਨੇ ਕਿਹਾ ਕਿ ਇਹ ਛੁੱਟੀ ਪਿੰਡ ਮਾਈਸਰਖਾਨਾ ਵਿਖੇ 9 ਅਤੇ 10 ਅਕਤੂਬਰ ਨੂੰ ਲੱਗਣ ਵਾਲੇ ਮੇਲੇ ਦੇ ਮੱਦੇਨਜ਼ਰ ਕੀਤੀ ਗਈ ਏ। ਜਾਰੀ ਹੁਕਮ ਅਨੁਸਾਰ ਪਿੰਡ ਮਾਈਸਰਖਾਨਾ ਵਿਖੇ ਲੱਗਣ ਵਾਲੇ ਇਸ ਧਾਰਮਿਕ ਮੇਲੇ ਵਿੱਚ ਲੱਖਾਂ ਦੀ ਗਿਣਤੀ ਵਿਚ ਸ਼ਰਧਾਲੂ ਪਹੁੰਚਦੇ ਨੇ , ਜਿਸ ਕਰਕੇ ਕਸਬੇ ਵਿਚ ਬਹੁਤ ਭੀੜ ਹੋ ਜਾਂਦੀ ਏ। ਮੇਲੇ ਦੌਰਾਨ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ ਦੇ ਮੱਦੇਨਜ਼ਰ ਉਨ੍ਹਾਂ ਵੱਲੋਂ ਇਹ ਛੁੱਟੀ ਐਲਾਨੀ ਗਈ ਏ।ਪਿੰਡ ਦੀ ਹਦੂਦ

ਅੰਦਰ 9 ਅਤੇ 10 ਅਕਤੂਬਰ ਨੂੰ ਦੇਸ਼ੀ ਤੇ ਅੰਗਰੇਜ਼ੀ ਸ਼ਰਾਬ ਦੇ ਠੇਕੇ ਬੰਦ ਰੱਖਣ ਦੇ ਹੁਕਮ ਵੀ ਜਾਰੀ ਕੀਤੇ ਗਏ ਨੇ ।

---

**ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਨਵੀਂ ਦਿੱਲੀ ਵਿੱਚ, ਸਾਲ 2022 ਲਈ, 70ਵੇਂ ਰਾਸ਼ਟਰੀ ਫਿਲਮ ਪੁਰਸਕਾਰ ਪ੍ਰਦਾਨ ਕੀਤੇ ।
- ਜੰਮੂ-ਕਸ਼ਮੀਰ ਅਤੇ ਹਰਿਆਣਾ 'ਚ ਵਿਧਾਨ ਸਭਾ ਚੋਣਾਂ ਲਈ ਵੋਟਾਂ ਦੀ ਗਿਣਤੀ ਜਾਰੀ ਏ ।
- ਸਿਹਤ ਮੰਤਰੀ ਬਲਬੀਰ ਸਿੰਘ ਨੇ ਪੰਜਾਬ ਦੇ ਸਰਕਾਰੀ ਹਸਪਤਾਲਾਂ ਵਿੱਚ ਨਰਸਿੰਗ ਵਿਦਿਆਰਥੀਆਂ ਦੀ ਕਲੀਨਿਕਲ ਸਿਖਲਾਈ ਨੂੰ ਮਜ਼ਬੂਤ ਕਰਨ 'ਤੇ ਜ਼ੋਰ ਦਿੱਤਾ ।
- ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਸੂਬੇ ਦੀਆਂ ਵੱਖ ਵੱਖ ਮੰਡੀਆਂ ਵਿਚ ਝੋਨੇ ਦੀ ਖਰੀਦ ਸ਼ੁਰੂ ਕੀਤੀ ਗਈ ।

- ਪੰਜਾਬ ਭਾਸ਼ਾ ਵਿਭਾਗ ਵੱਲੋਂ ਪੰਜਾਬੀ ਦੇ ਸਰਵੋਤਮ ਪੁਸਤਕ ਪੁਰਸਕਾਰਾਂ ਦਾ ਐਲਾਨ।